# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 23-12-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਿਹਾ ਏ ਕਿ ਪਿਛਲੇ ਡੇਢ ਸਾਲ ਵਿੱਚ ਦੇਸ਼ ਦੇ ਨੌਜਵਾਨਾਂ ਨੂੰ ਤਕਰੀਬਨ 10 ਲੱਖ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਨੇ. ਸ੍ਰੀ ਮੋਦੀ ਨੇ ਇਹ ਗੱਲ ਵੀਡੀਓ ਕਾਨਫਰੰਸਿੰਗ ਰਾਹੀਂ ਨਵੇਂ ਨਿਯੁਕਤ ਹੋਏ 71 ਹਜ਼ਾਰ ਤੋਂ ਵੱਧ ਨੌਜੁਆਨਾਂ ਨੂੰ ਨਿਯੁਕਤੀ ਪੱਤਰ ਵੰਡਣ ਮੌਕੇ ਕਹੀ। ਉਨ੍ਹਾਂ ਕਿਹਾ ਕਿ ਪਿਛਲੇ ਦਸ ਸਾਲਾਂ ਤੋਂ ਦੇਸ਼ ਦੇ ਵੱਖ-ਵੱਖ ਮੰਤਰਾਲਿਆਂ, ਵਿਭਾਗਾਂ ਅਤੇ ਅਦਾਰਿਆਂ ਵਿੱਚ ਸਰਕਾਰੀ ਨੌਕਰੀਆਂ ਦੇਣ ਦੀ ਮੁਹਿੰਮ ਚੱਲ ਰਹੀ ਏ - byte sec

ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਰੋਜ਼ਗਾਰ ਮੇਲੇ, ਨੌਜਵਾਨਾਂ ਨੂੰ ਸ਼ਕਤੀ ਪ੍ਰਦਾਨ ਕਰ ਰਹੇ ਨੇ ਅਤੇ ਉਨ੍ਹਾਂ ਦੀ ਸਮਰੱਥਾ ਨੂੰ ਖੋਲ੍ਹ ਰਹੇ ਨੇ. ਉਨ੍ਹਾਂ ਕਿਹਾ ਕਿ ਦੇਸ਼ ਦੇ ਨੌਜਵਾਨਾਂ ਦੀ ਸਮਰੱਥਾ ਅਤੇ ਹੁਨਰ ਦੀ ਚੰਗੀ ਤਰ੍ਹਾਂ ਪੂਰੀ ਵਰਤੋਂ ਕਰਨਾ ਸਰਕਾਰ ਦੀ ਤਰਜੀਹ ਏ । ਸ੍ਰੀ ਮੋਦੀ ਨੇ ਕਿਹਾ

ਕੀਤਾ ਕਿ ਇਸ ਸਰਕਾਰ ਦੀਆਂ ਨੀਤੀਆਂ ਅਤੇ ਫੈਸਲਿਆਂ ਕਾਰਨ ਪੇਂਡੂ ਭਾਰਤ ਵਿੱਚ ਰੁਜ਼ਗਾਰ ਅਤੇ ਸਵੈ-ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋ ਰਹੇ ਨੇ. ਸ਼੍ਰੀ ਮੋਦੀ ਨੇ ਕਿਹਾ ਕਿ, ਭਾਰਤ ਨੇ 2047 ਤੱਕ ਵਿਕਸਿਤ ਭਾਰਤ ਬਣਾਉਣ ਦਾ ਅਹਿਦ ਲਿਆ ਏ। ਪ੍ਰਧਾਨ ਮੰਤਰੀ ਮੋਦੀ ਨੇ ਇਸ ਗੱਲ 'ਤੇ ਵੀ ਚਾਨਣਾ ਪਾਇਆ ਕਿ ਸਰਕਾਰ ਨੇ ਮੇਕ ਇਨ ਇੰਡੀਆ, ਆਤਮਨਿਰਭਰ ਭਾਰਤ ਅਭਿਆਨ, ਸਟਾਰਟਅੱਪ ਇੰਡੀਆ, ਸਟੈਂਡ ਅੱਪ ਇੰਡੀਆ, ਡਿਜੀਟਲ ਇੰਡੀਆ ਵਰਗੀਆਂ ਕਈ ਯੋਜਨਾਵਾਂ ਸ਼ੁਰੂ ਕੀਤੀਆਂ ਨੇ ਅਤੇ ਹਰ ਯੋਜਨਾ ਨੂੰ ਨੌਜਵਾਨਾਂ ਨੂੰ ਕੇਂਦਰ ਵਿੱਚ ਰੱਖ ਕੇ ਬਣਾਇਆ ਗਿਆ ਏ।

---------------------------------------------------------------------------

ਇਸੇ ਸਿਲਸਿਲੇ ਵਿਚ ਅੱਜ ਪੰਜਾਬ ਵਿੱਚ ਵੀ, ਜਲੰਧਰ 'ਚ ਸੀਮਾ ਸੁਰੱਖਿਆ ਬਲ ਦੇ ਫਰੰਟੀਅਰ ਹੈੱਡਕੁਆਰਟਰ ਵਿਖੇ ਰੋਜ਼ਗਾਰ ਮੇਲੇ ਵਿਚ ਨਿਯੁਕਤੀ ਪੱਤਰ ਵੰਡੇ ਗਏ. ਬੀਐਸਐਫ ਦੇ ਇੰਸਪੈਕਟਰ ਜਨਰਲ Dr Atul Fulzale ਨੇ ਪ੍ਰੋਗਰਾਮ ਦੀ ਪ੍ਰਧਾਨਗੀ ਕੀਤੀ ਅਤੇ BSF, CRPF, SSB, EPFO, ਡਾਕ ਵਿਭਾਗ ਅਤੇ ਹੋਰ

ਸਿਵਲ ਵਿਭਾਗਾਂ ਵਿੱਚ ਵੱਖ-ਵੱਖ ਅਸਾਮੀਆਂ ਲਈ 231 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ। ਇੰਸਪੈਕਟਰ ਜਨਰਲ ਨੇ ਉਮੀਦਵਾਰਾਂ ਨੂੰ ਉਨ੍ਹਾਂ ਦੀ ਮਹਿਨਤ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ । ਇਸੇ ਤਰ੍ਹਾਂ ਮੋਹਾਲੀ ਦੇ Indian Institute of Science Education and Research ਵਿਖੇ ਬੀ.ਐਸ.ਐਫ ਦੇ ਵਧੀਕ ਡਾਇਰੈਕਟਰ ਜਨਰਲ Satish Khandare ਨੇ 249 ਨਵੇਂ ਨਿਯੁਕਤ ਹੋਏ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡੇ । ਨਿਯੁਕਤੀ ਪੱਤਰ ਮਿਲਣ ‘ਤੇ ਇਹ ਨੌਜੁਆਨ ਬੇਹਦ ਖੁਸ਼ ਸਨ ਤੇ ਇਹਨਾਂ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਪ੍ਰਤੀ ਧੰਨਵਾਦ ਪ੍ਰਗਟਾਇਆ- BYTE

-----------------------------------------------------------------------------------

ਅੱਜ ਦੇਸ਼ ਭਰ ਵਿਚ ਰਾਸ਼ਟਰੀ ਕਿਸਾਨ ਦਿਵਸ ਮਨਾਇਆ ਜਾ ਰਿਹਾ ਏ । ਇਹ ਦਿਨ ਦੇਸ਼ ਦੀ ਤਰੱਕੀ ਵਿੱਚ ਕਿਸਾਨਾਂ ਦੇ ਯੋਗਦਾਨ ਦਾ ਸਨਮਾਨ ਕਰਨ ਦਾ ਮੌਕਾ ਏ । ਕਿਸਾਨ ਦਿਵਸ, ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਣ, ਪੇਂਡੂ ਆਰਥਿਕਤਾ ਨੂੰ ਮਜ਼ਬੂਤ ਕਰਨ ਅਤੇ ਦੇਸ਼ ਦੀ

ਖੇਤੀਬਾੜੀ ਵਿਰਾਸਤ ਨੂੰ ਸੁਰੱਖਿਅਤ ਰੱਖਣ ਵਿੱਚ ਕਿਸਾਨਾਂ ਦੀ ਮਹੱਤਵਪੂਰਨ ਭੂਮਿਕਾ ਦੀ ਯਾਦ ਦਿਵਾਉਂਦਾ ਏ। ਕਿਸਾਨਾਂ ਦੀ ਭੂਮਿਕਾ ਨੂੰ ਮਹੱਤਵ ਦਿੰਦੇ ਹੋਏ, ਸਰਕਾਰ ਨੇ, ਉਨ੍ਹਾਂ ਦੇ ਸਮਾਜਿਕ ਅਤੇ ਆਰਥਿਕ ਵਿਕਾਸ ਲਈ ਕਈ ਪਹਿਲਕਦਮੀਆਂ ਕੀਤੀਆਂ ਨੇ। ਇਨ੍ਹਾਂ ਵਿੱਚ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ, ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਅਤੇ ਪ੍ਰਧਾਨ ਮੰਤਰੀ ਕਿਸਾਨ ਮਾਨ-ਧਨ ਯੋਜਨਾ ਸ਼ਾਮਲ ਨੇ। ਇਨ੍ਹਾਂ ਯੋਜਨਾਵਾਂ ਤਹਿਤ ਕਿਸਾਨਾਂ ਨੂੰ ਮਾਲੀ ਸੁਰੱਖਿਆ, ਜੋਖਮ ਘਟਾਉਣ ਦੇ ਉਪਾਅ ਅਤੇ ਲੰਮੇ ਸਮੇਂ ਲਈ ਸਮਾਜਿਕ ਸੁਰੱਖਿਆ ਪ੍ਰਦਾਨ ਕੀਤੀ ਜਾਂਦੀ ਏ।

---

ਪੰਜਾਬ ਪੁਲਿਸ ਅਤੇ ਉੱਤਰ ਪ੍ਰਦੇਸ਼ ਪੁਲਿਸ ਨੇ ਅੱਜ ਇੱਕ ਸਾਂਝੀ ਕਾਰਵਾਈ ਦੌਰਾਨ, ਪੀਲੀਭੀਤ ਜ਼ਿਲ੍ਹੇ ਵਿਚ ਹੋਏ ਮੁਕਾਬਲੇ ਵਿਚ ਤਿੰਨ ਖਾਲਿਸਤਾਨੀ ਦਹਿਸ਼ਤਗਰਦਾਂ ਨੂੰ ਮਾਰ ਦਿੱਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਆਪਣੇ ਸੋਸ਼ਲ ਮੀਡੀਆ ਹੈਂਡਲ 'ਤੇ ਦੱਸਿਆ ਏ ਕਿ ਇਹ ਤਿੰਨੇਂ, 19 ਦਸੰਬਰ ਨੂੰ ਪੰਜਾਬ ਦੇ ਗੁਰਦਾਸਪੁਰ ਜ਼ਿਲੇ 'ਚ ਪੁਲਿਸ

ਚੌਕੀ 'ਤੇ ਹੋਏ ਗ੍ਰਨੇਡ ਹਮਲੇ 'ਚ ਸ਼ਾਮਲ ਸਨ। ਤਿੰਨੇ ਕਾਰਕੁੰਨ, Varinder Singh, Gurwinder Singh and Jashanpreet Singh ਗੁਰਦਾਸਪੁਰ ਦੇ ਥਾਣਾ ਕਲਾਨੌਰ ਦੇ ਵਸਨੀਕ ਨੇ ਅਤੇ ਉਨ੍ਹਾਂ 'ਤੇ ਜ਼ਿਲ੍ਹੇ ਦੇ ਇਕ ਥਾਣੇ 'ਤੇ ਹਮਲਾ ਕਰਨ ਦਾ ਇਲ੍ਜ਼ਾਮ ਏ। ਓਹਨਾਂ, ਬਰਤਾਨਵੀ ਫੌਜ ਦੇ ਇਕ ਮੁਲਾਜ਼ਮ, ਜਗਜੀਤ ਸਿੰਘ ਦੀ ਵੀ ਕਥਿਤ ਸ਼ਮੂਲੀਅਤ ਬਾਰੇ ਜਾਣਕਾਰੀ ਦਿੱਤੀ ਏ, ਜਿਸ ਨੇ KZF ਦੇ ਮੁਖੀ ਰਣਜੀਤ ਸਿੰਘ ਨੀਟਾ ਅਤੇ ਗ੍ਰੀਸ ਦੇ ਜਸਵਿੰਦਰ ਸਿੰਘ ਮੰਨੂ ਤੋਂ ਇਲਾਵਾ ਇਸ KZF ਮਾਡਿਊਲ ਦੀ ਮਦਦ ਕੀਤੀ ਏ। ਇਹ ਦਹਿਸ਼ਤਗਰਦ ਮਾਡਿਊਲ ਪੰਜਾਬ ਦੇ ਸਰਹੱਦੀ ਇਲਾਕਿਆਂ 'ਚ ਪੁਲਿਸ ਅਦਾਰਿਆਂ 'ਤੇ ਗ੍ਰੇਨੇਡ ਹਮਲਿਆਂ 'ਚ ਸ਼ਾਮਲ ਸੀ। ਇਨ੍ਹਾਂ ਦੇ ਕਬਜ਼ੇ 'ਚੋਂ 2 ਏਕੇ 47 ਰਾਈਫਲਾਂ, ਦੋ ਗਲੋਕ ਪਿਸਤੌਲਾਂ ਤੇ ਗੋਲੀ ਸਿੱਕਾ ਬਰਾਮਦ ਹੋਇਆ ਏ ।